ਆਸਾ ਮਹਲਾ ੧ ॥ ਚਾਰੇ ਕੁੰਡਾ ਢੂਢੀਆ ਕੋ ਨੀਮ੍ਹੀ ਮੈਡਾ ॥ ਜੇ ਤੁਧੁ ਭਾਵੈ ਸਾਹਿਬਾ ਤੂ ਮੈ ਹਉ ਤੈਡਾ ॥੧॥ ਦਰੁ ਬੀਭਾ ਮੈ ਨੀਮ੍ਹਿ ਕੋ ਕੈ ਕਰੀ ਸਲਾਮੁ ॥ ਹਿਕੋ ਮੈਡਾ ਤੂ ਧਣੀ ਸਾਚਾ ਮੁਖਿ ਨਾਮੁ ॥ ੧॥ ਰਹਾਉ ॥ ਸਿਧਾ ਸੇਵਨਿ ਸਿਧ ਪੀਰ ਮਾਗਹਿ ਰਿਧਿ ਸਿਧਿ ॥ ਮੈ ਇਕੁ ਨਾਮੁ ਨ ਵੀਸਰੈ ਸਾਚੇ ਗੁਰ ਬੁਧਿ ॥੨॥ ਜੋਗੀ ਭੋਗੀ ਕਾਪੜੀ ਕਿਆ ਭਵਹਿ ਦਿਸੰਤਰ ॥ ਗੁਰ ਕਾ ਸਬਦੁ ਨ ਚੀਨ੍ਹ੍ਹੀ ਤਤੁ ਸਾਰੁ ਨਿਰੰਤਰ ॥੩॥ ਪੰਡਿਤ ਪਾਧੇ ਜੋਇਸੀ ਨਿਤ ਪੜ੍ਹਹਿ ਪੁਰਾਣਾ ॥ ਅੰਤਰਿ ਵਸਤੁ ਨ ਜਾਣਨ੍ਹ੍ਹੀ ਘਟਿ ਬ੍ਰਹਮੁ ਲੁਕਾਣਾ ॥੪॥ ਇਕਿ ਤਪਸੀ ਬਨ ਮਹਿ ਤਪੁ ਕਰਹਿ ਨਿਤ ਤੀਰਥ ਵਾਸਾ ॥ ਆਪੁ ਨ ਚੀਨਹਿ ਤਾਮਸੀ ਕਾਹੇ ਭਏ ਉਦਾਸਾ ॥੫॥ ਇਕਿ ਬਿੰਦੁ ਜਤਨ ਕਰਿ ਰਾਖਦੇ ਸੇ ਜਤੀ ਕਹਾਵਹਿ ॥ ਬਿਨੁ ਗੁਰ ਸਬਦ ਨ ਛੂਟਹੀ ਭ੍ਰਮਿ ਆਵਹਿ ਜਾਵਹਿ ॥ ੬॥ ਇਕਿ ਗਿਰਹੀ ਸੇਵਕ ਸਾਧਿਕਾ ਗੁਰਮਤੀ ਲਾਗੇ ॥ ਨਾਮੁ ਦਾਨੁ ਇਸਨਾਨੁ ਦ੍ਰਿੜੁ ਹਰਿ ਭਗਤਿ ਸੁ ਜਾਗੇ ॥ ੭॥ ਗੁਰ ਤੇ ਦਰੁ ਘਰੁ ਜਾਣੀਐ ਸੋ ਜਾਇ ਸਿਞਾਣੈ ॥ ਨਾਨਕ ਨਾਮੁ ਨ ਵੀਸਰੈ ਸਾਚੇ ਮਨੁ ਮਾਨੈ ॥੮॥੧੪॥ {ਪੰਨਾ 418-419}

ਪਦਅਰਥ:- ਕੁੰਡਾ—ਕੂਟਾਂ, ਪਾਸੇ। ਚਾਰੇ ਕੁੰਡਾ—ਸਾਰੀ ਸ੍ਰਿਸ਼ਟੀ। ਕੋ—ਕੋਈ ਜੀਵ। ਨੀਮ੍ਹੀ—ਨਹੀਂ। ਮੈਡਾ—ਮੇਰਾ (ਸੱਚਾ ਸਹਾਇਕ)। ਮੈ—ਮੇਰਾ। ਹਉ—ਮੈਂ। ਤੈਡਾ—ਤੇਰਾ।1।

ਬੀਭਾ—ਦੂਜਾ, (ਤੈਥੋਂ ਬਿਨਾ) ਕੋਈ ਹੋਰ। ਨੀਮ੍ਹਿ—ਨਹੀਂ। ਕੋ—ਕੋਈ। ਕੋ ਬੀਭਾ—ਕੋਈ ਦੂਜਾ। ਕੈ—ਕਿਸ ਨੂੰ? ਕਰੀ—ਮੈਂ ਕਰਾਂ। ਹਿਕੋ—ਇਕੋ, ਸਿਰਫ਼ ਇੱਕ। ਧਣੀ—ਮਾਲਕ। ਸਾਚਾ—ਸਦਾ-ਥਿਰ।1। ਰਹਾਉ।

ਸੇਵਨਿ—ਸੇਵਾ ਕਰਦੇ ਹਨ। ਰਿਧਿ ਸਿਧਿ—ਰਿੱਧੀਆਂ ਸਿੱਧੀਆਂ, ਕਰਾਮਾਤੀ ਤਾਕਤਾਂ। ਗੁਰ ਬੁਧਿ—ਗੁਰੂ ਦੀ ਦਿੱਤੀ ਅਕਲ ਨਾਲ।2।

ਭੋਗੀ—ਭੋਗਾਂ ਵਿਚ ਪਰਵਿਰਤ ਰਹਿਣ ਵਾਲੇ। ਕਾਪੜੀ—ਲੀਰਾਂ ਦੇ ਬਸਤ੍ਰ ਪਹਿਨਣ ਵਾਲੇ ਫ਼ਕੀਰ। ਕਿਆ—ਕਾਹਦੇ ਲਈ, ਵਿਅਰਥ। ਦਿਸੰਤਰ—ਹੋਰ ਹੋਰ ਦੇਸ਼ਾਂ ਵਿਚ। ਨ ਚੀਨਹੀ—ਨ ਚੀਨਹਿ, ਨਹੀਂ ਖੋਜਦੇ। ਨਿਰੰਤਰ—{ਨਿਰ-ਅੰਤਰ} ਵਿੱਥ ਤੋਂ ਬਿਨਾ, ਇਕ-ਰਸ।3।

ਪਾਧੇ—ਪੜ੍ਹਾਣ ਵਾਲੇ। ਜੋਇਸੀ—ਜੋਤਿਸ਼ੀ। ਘਟਿ—ਘਟ ਵਿਚ, ਹਿਰਦੇ ਵਿਚ। ਬ੍ਰਹਮੁ—ਪਰਮਾਤਮਾ।4।

ਇਕਿ—ਕਈ {ਨੋਟ:- ਲਫ਼ਜ਼ 'ਇਕ' ਤੋਂ ਬਹੁ-ਵਚਨ}। ਤੀਰਥ—ਤੀਰਥਾਂ ਉਤੇ। ਆਪੁ—ਆਪਣੇ ਆਪ ਨੂੰ। ਤਾਮਸੀ—ਕ੍ਰੋਧੀ। ਤਮਸ—ਹਨੇਰਾ, ਤਮੋਗੁਣ। ਉਦਾਸਾ—ਤਿਆਗੀ।5।

ਬਿੰਦੁ—ਵੀਰਜ। ਰਾਖਦੇ—ਸਾਂਭਦੇ, ਰੋਕਦੇ। ਸੇ—ਉਹ ਬੰਦੇ। ਛੂਟਹੀ—ਛੂਟਹਿ, ਖ਼ਲਾਸੀ ਪਾਂਦੇ। ਭ੍ਰਮਿ—ਭਟਕਣਾ ਵਿਚ ਪੈ ਕੇ।6।

ਗਿਰਹੀ—ਗ੍ਰਿਹਸਤੀ। ਸਾਧਿਕਾ—(ਸੇਵਾ ਦੇ) ਸਾਧਨ ਕਰਨ ਵਾਲੇ। ਦਾਨੁ—ਸੇਵਾ, ਦੂਜਿਆਂ ਨੂੰ ਨਾਮ ਜਪਣ ਲਈ ਪ੍ਰੇਰਨਾ। ਇਸਨਾਨੁ—ਪਵਿਤ੍ਰਤਾ, ਸੁੱਚਾ ਆਚਰਨ।7।

ਤੇ—ਤੋਂ। ਜਾਣੀਐ—ਪਛਾਣੀਦਾ ਹੈ। ਸੋ ਸਿਞਾਣੈ—ਉਹ ਮਨੁੱਖ ਪਛਾਣਦਾ ਹੈ। ਜਾਇ—(ਜੋ ਗੁਰੂ ਪਾਸ) ਜਾਂਦਾ ਹੈ। ਸਾਚੇ—ਸੱਚ ਵਿਚ ਹੀ, ਸਦਾ-ਥਿਰ ਪ੍ਰਭੂ ਵਿਚ ਹੀ। ਮਾਨੈ—ਗਿੱਝ ਜਾਂਦਾ ਹੈ।8।

ਅਰਥ:- ਮੈਂ ਸਾਰੀ ਸ੍ਰਿਸ਼ਟੀ ਭਾਲ ਵੇਖੀ ਹੈ, ਮੈਨੂੰ ਕੋਈ ਭੀ ਆਪਣਾ (ਸੱਚਾ ਦਰਦੀ) ਨਹੀਂ ਲੱਭਾ। ਹੇ ਮੇਰੇ ਸਾਹਿਬ! ਜੇ ਤੈਨੂੰ (ਮੇਰੀ ਬੇਨਤੀ) ਪਸੰਦ ਆਵੇ (ਤਾਂ ਮੇਹਰ ਕਰ) ਤੂੰ ਮੇਰਾ (ਰਾਖਾ ਬਣ), ਮੈਂ ਤੇਰਾ (ਸੇਵਕ) ਬਣਿਆ ਰਹਾਂ।1।

ਮੈਨੂੰ (ਤੇਰੇ ਦਰ ਤੋਂ ਬਿਨਾ) ਕੋਈ ਹੋਰ ਦਰ ਨਹੀਂ ਲੱਭਦਾ। ਹੋਰ ਕਿਸ ਦੇ ਅੱਗੇ ਮੈਂ ਸਲਾਮ ਕਰਾਂ? (ਹੋਰ ਕਿਸ ਪਾਸੋਂ ਮੈਂ

ਮੰਗਾਂ?) ਸਿਰਫ਼ ਇਕ ਤੂੰ ਹੀ ਮੇਰਾ ਮਾਲਕ ਹੈਂ (ਮੈਂ ਤੈਥੋਂ ਹੀ ਇਹ ਦਾਨ ਮੰਗਦਾ ਹਾਂ ਕਿ) ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਮੇਰੇ ਮੂੰਹ ਵਿਚ (ਟਿਕਿਆ ਰਹੇ)।1। ਰਹਾਉ।

(ਲੋਕ) ਸਿੱਧ ਤੇ ਪੀਰ (ਬਣਨ ਲਈ) ਪੁੱਗੇ ਹੋਏ ਜੋਗੀਆਂ ਦੀ ਸੇਵਾ ਕਰਦੇ ਹਨ, ਤੇ ਉਹਨਾਂ ਪਾਸੋਂ ਰਿੱਧੀਆਂ ਸਿੱਧੀਆਂ (ਦੀ ਤਾਕਤ) ਮੰਗਦੇ ਹਨ। (ਮੇਰੀ ਇਕ ਤੇਰੇ ਅੱਗੇ ਹੀ ਇਹ ਅਰਦਾਸਿ ਹੈ ਕਿ) ਅਭੁੱਲ ਗੁਰੂ ਦੀ ਬਖ਼ਸ਼ੀ ਬੁੱਧੀ ਅਨੁਸਾਰ ਮੈਨੂੰ ਤੇਰਾ ਨਾਮ ਕਦੇ ਨਾਹ ਭੁੱਲੇ।2।

ਜੋਗੀ ਤੇ ਲੀਰਾਂ ਪਹਿਨਣ ਵਾਲੇ ਫ਼ਕੀਰ ਵਿਅਰਥ ਹੀ ਦੇਸ ਦੇਸ ਦਾ ਰਟਨ ਕਰਦੇ ਹਨ। ਉਹ ਸਤਿਗੁਰ ਦੇ ਸ਼ਬਦ ਨੂੰ ਖੋਜਦੇ ਨਹੀਂ, ਉਹ ਇਕ-ਰਸ ਸ੍ਰੇਸ਼ਟ ਅਸਲੀਅਤ ਨੂੰ ਨਹੀਂ ਖੋਜਦੇ।3।

ਪੰਡਿਤ ਪਾਂਧੇ ਤੇ ਜੋਤਸ਼ੀ ਨਿੱਤ ਪੁਰਾਣ ਆਦਿਕ ਪੁਸਤਕਾਂ ਹੀ ਪੜ੍ਹਦੇ ਰਹਿੰਦੇ ਹਨ। ਪਰਮਾਤਮਾ ਹਿਰਦੇ ਵਿਚ ਲੁਕਿਆ ਪਿਆ ਹੈ, ਇਹ ਲੋਕ ਅੰਦਰ-ਵੱਸਦੀ ਨਾਮ-ਵਸਤੂ ਨੂੰ ਨਹੀਂ ਪਛਾਣਦੇ।4।

ਅਨੇਕਾਂ ਬੰਦੇ ਤਪੀ ਬਣੇ ਹੋਏ ਹਨ, ਜੰਗਲਾਂ ਵਿਚ (ਜਾ ਕੇ) ਤਪ ਸਾਧ ਰਹੇ ਹਨ, ਤੇ ਸਦਾ ਤੀਰਥਾਂ ਉਤੇ ਨਿਵਾਸ ਰੱਖਦੇ ਹਨ। (ਤਪਾਂ ਦੇ ਕਾਰਨ ਉਹ) ਕ੍ਰੋਧ ਨਾਲ ਭਰੇ ਰਹਿੰਦੇ ਹਨ, ਆਪਣੇ ਆਤਮਕ ਜੀਵਨ ਨੂੰ ਨਹੀਂ ਖੋਜਦੇ। ਤਿਆਗੀ ਬਣਨ ਦਾ ਉਹਨਾਂ ਨੂੰ ਕੋਈ ਲਾਭ ਨਹੀਂ ਹੁੰਦਾ।5।

ਅਨੇਕਾਂ ਬੰਦੇ ਐਸੇ ਹਨ ਜੋ ਜਤਨ ਕਰ ਕੇ ਵੀਰਜ ਨੂੰ ਰੋਕ ਰੱਖਦੇ ਹਨ, ਤੇ ਆਪਣੇ ਆਪ ਨੂੰ ਜਤੀ ਸਦਾਂਦੇ ਹਨ। ਪਰ ਗੁਰੂ ਦੇ ਸ਼ਬਦ ਤੋਂ ਬਿਨਾ ਉਹ ਭੀ (ਕ੍ਰੋਧ ਆਦਿਕ ਤਾਮਸੀ ਸੁਭਾਵ ਤੋਂ) ਖ਼ਲਾਸੀ ਨਹੀਂ ਪ੍ਰਾਪਤ ਕਰਦੇ। (ਜਤੀ ਹੋਣ ਦੀ ਹੀ) ਭਟਕਣਾ ਵਿਚ ਪੈ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।6।

(ਪਰ) ਅਨੇਕਾਂ ਗ੍ਰਿਹਸਤੀ ਐਸੇ ਹਨ ਜੋ ਸੇਵਾ ਕਰਦੇ ਹਨ ਸੇਵਾ ਦੇ ਸਾਧਨ ਕਰਦੇ ਹਨ, ਤੇ ਗੁਰੂ ਦੀ ਦਿੱਤੀ ਮਤਿ ਉਤੇ ਤੁਰਦੇ ਹਨ। ਉਹ ਨਾਮ ਜਪਦੇ ਹਨ, ਹੋਰਨਾਂ ਨੂੰ ਨਾਮ ਜਪਣ ਲਈ ਪ੍ਰੇਰਦੇ ਹਨ, ਆਪਣਾ ਆਚਰਨ ਪਵਿਤ੍ਰ ਰੱਖਦੇ ਹਨ। ਉਹ ਪਰਮਾਤਮਾ ਦੀ ਭਗਤੀ ਵਿਚ ਆਪਣੇ ਆਪ ਨੂੰ ਦ੍ਰਿੜ੍ਹ ਕਰ ਕੇ (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ।7।

ਹੇ ਨਾਨਕ! ਪਰਮਾਤਮਾ ਦਾ ਦਰ ਪਰਮਾਤਮਾ ਦਾ ਘਰ ਗੁਰੂ ਪਾਸੋਂ (ਗੁਰੂ ਦੀ ਸਰਨ ਪਿਆਂ) ਪਛਾਣਿਆ ਜਾ ਸਕਦਾ ਹੈ। ਉਹੀ ਮਨੁੱਖ ਪਛਾਣਦਾ ਹੈ ਜੋ ਗੁਰੂ ਦੇ ਪਾਸ ਜਾਂਦਾ ਹੈ। ਉਸ ਨੂੰ ਪਰਮਾਤਮਾ ਦਾ ਨਾਮ ਨਹੀਂ ਵਿਸਰਦਾ, ਉਸ ਦਾ ਮਨ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਗਿੱਝ ਜਾਂਦਾ ਹੈ।8।14।